# ਬਾਗਬਾਨੀ ਵਿਭਾਗ ਵਲੋਂ ਕਿਸਾਨਾਂ ਲਈ ਕੰਟਰੋਲ ਰੂਮ ਸਥਾਪਿਤ

## ਫੋਨ 'ਤੇ ਹੀ ਵਿਭਾਗੀ ਅਧਿਕਾਰੀਆਂ ਅਤੇ ਮਾਹਿਰਾਂ ਤੋਂ ਮਿਲੇਗੀ ਮਦਦ : ਮੱਲ੍ਹੀ

ਕਪੂਰਥਲਾ, 7 ਅਪ੍ਰੈਲ (ਮਹਾਜਨ)- ਕੋਰੋਨਾ ਵਾਇਰਸ ਤੋਂ ਬਚਾਅ ਲਈ ਜਿਲੇ 'ਚ ਲੱਗੇ ਕਰਫਿਊ ਦੌਰਾਨ ਜਿਲਾ ਕਪੂਰਥਲਾ ਦੇ ਬਾਗਬਾਨੀ ਨਾਲ ਜੁੜੇ ਕਿਸਾਨਾਂ ਨੂੰ ਫਸਲਾਂ ਦੀ ਸਾਂਭ-ਸੰਭਾਲ, ਖਾਦਾਂ, ਦਵਾਈਆਂ ਅਤੇ ਮੰਡੀਕਰਨ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਬਾਗਬਾਨੀ ਵਿਭਾਗ ਕਪੂਰਥਲਾ ਵਲੋਂ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਬਾਗਬਾਨੀ ਕਪੂਰਥਲਾ ਨਰਿੰਦਰ ਸਿੰਘ ਮੱਲ੍ਹੀ ਨੇ ਦੱਸਿਆ ਕਿ ਇਸ ਕੰਟਰੋਲ ਰੂਮ 'ਤੇ ਕਿਸਾਨ ਹੁਣ ਫੋਨ 'ਤੇ ਹੀ ਵਿਭਾਗੀ ਅਧਿਕਾਰੀਆਂ ਅਤੇ ਮਾਹਿਰਾਂ ਦੀ ਰਾਏ ਲੈਣ ਤੋਂ ਇਲਾਵਾ ਵਿਭਾਗ ਵਲੋਂ ਦਿੱਤੀ ਜਾਂਦੀ ਹਰ ਤਰ੍ਹਾਂ ਦੀ ਸਹਾਇਤਾ



ਲੈ ਸਕਣਗੇ। ਉਨ੍ਹਾਂ ਦੱਸਿਆ ਕਿ ਜਿਲਾ ਕਪੂਰਥਲਾ ਦੇ ਕਿਸਾਨਾਂ ਲਈ ਉਨ੍ਹਾਂ ਦਾ ਮੋਬਾਇਲ ਨੰਬਰ 75080-18870 ਹਰੇਕ ਸਮੇਂ ਹਾਜ਼ਰ ਹੈ। ਇਸ ਤੋਂ ਇਲਾਵਾ ਬਲਾਕ ਕਪੂਰਥਲਾ ਅਤੇ ਸੁਲਤਾਨਪੁਰ ਲੋਧੀ ਦੇ ਕਿਸਾਨ ਬਾਗਬਾਨੀ ਵਿਕਾਸ ਅਫਸਰ ਕੁਲਵੰਤ ਸਿੰਘ ਦੇ ਮੋਬਾਇਲ ਨੰਬਰ 99157-05843, ਬਲਾਕ ਫਗਵਾੜਾ ਦੇ ਕਿਸਾਨ ਬਾਗਬਾਨੀ ਸੁਪਰਵਾਈਜ਼ਰ ਰੌਸ਼ਨ ਲਾਲ ਦੇ ਮੋਬਾਇਲ ਨੰਬਰ 97799-83660 ਅਤੇ ਬਲਾਕ ਢਿੱਲਵਾਂ ਅਤੇ ਨਡਾਲਾ ਦੇ ਕਿਸਾਨ ਬਾਗਬਾਨੀ ਵਿਕਾਸ ਅਫਸਰ ਮਨਪ੍ਰੀਤ ਕੌਰ ਦੇ ਮੋਬਾਇਲ ਨੰਬਰ 98554-34500 ਉੱਤੇ ਸੰਪਰਕ ਕਰ ਕੇ ਹਰ ਤਰ੍ਹਾਂ ਦੀ ਸਹਾਇਤਾ ਲੈ ਸਕਦੇ ਹਨ।

Scanned with CamScanner